# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 26-07-2025**

ਪਹਿਲਾ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਤਾਮਿਲਨਾਡੂ 'ਚ Tuticorin ਹਵਾਈ ਅੱਡੇ ਦੀ ਨਵੀਂ ਟਰਮੀਨਲ ਇਮਾਰਤ ਦਾ ਉਦਘਾਟਨ ਕਰਨਗੇ।
- ਦੇਸ਼ ਅੱਜ ਕਾਰਗਿਲ ਵਿਜੇ ਦਿਵਸ ਮਨਾ ਰਿਹਾ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਏ ।
- ਪੰਜਾਬ ਮੰਤਰੀ ਮੰਡਲ ਨੇ ਇੱਕ ਇਤਿਹਾਸਕ ਫੈਸਲਾ ਲੈਂਦਿਆਂ, ਨਕਲੀ ਬੀਜਾਂ ਦੀ ਵਿਕਰੀ ਦੇ ਆਪਰਾਧ ਨੂੰ ਗੈਰ-
- ਜ਼ਮਾਨਤਯੋਗ ਬਣਾਉਣ ਲਈ ਸੀਡਜ਼ (ਪੰਜਾਬ ਸੋਧ) ਬਿੱਲ 2025 ਪੇਸ਼ ਕਰਨ ਨੂੰ ਸਹਿਮਤੀ ਦੇ ਦਿੱਤੀ ਏ।

- ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਵੱਲੋਂ ਸਰਹੱਦ ਪਾਰੋਂ ਨਾਰਕੋ-ਤਸਕਰੀ ਵਿਰੁੱਧ ਇੱਕ ਵੱਡੀ ਕਾਰਵਾਈ ਕਰਦਿਆਂ ਹੈਰੋਇਨ ਤਸਕਰੀ ਕਰਨ ਵਾਲੇ ਕਾਰਟੈਲ ਦਾ ਪਰਦਾਫਾਸ਼ ਕੀਤਾ ਏ.
- ਸ਼ਤਰੰਜ ਵਿੱਚ, ਅੱਜ ਔਰਤਾਂ ਦੇ FIDE ਵਿਸ਼ਵ ਕੱਪ 2025 ਦਾ ਫਾਈਨਲ ਮੁਕਾਬਲਾ ਜਾਰਜੀਆ ਦੇ ਬਾਟੂਮੀ ਵਿਖੇ ਕੋਨੇਰੂ ਹੰਪੀ ਅਤੇ ਉਸਦੀ ਹਮਵਤਨ ਦਿਵਿਆ ਦੇਸ਼ਮੁਖ ਦਰਮਿਆਨ ਸ਼ੁਰੂ ਹੋਇਆ.

------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮ ਤਾਮਿਲਨਾਡੂ ਦੇ ਦੋ ਦਿਨਾਂ ਦੌਰੇ ਲਈ Tuticorin ਪਹੁੰਚਣਗੇ। ਉਹ ਸ਼ਾਮ ਨੂੰ ਕਰੀਬ 7. ਵਜ ਕੇ 45 ਮਿੰਟ 'ਤੇ Tuticorin ਹਵਾਈ ਅੱਡੇ ਦੀ ਨਵੀਂ ਟਰਮੀਨਲ ਇਮਾਰਤ ਦਾ ਉਦਘਾਟਨ ਕਰਨਗੇ। ਉਹ 4 ਹਜ਼ਾਰ 800 ਕਰੋੜ ਰੁਪਏ ਤੋਂ ਵੱਧ ਦੇ ਵੱਖ-ਵੱਖ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਣਗੇ ਅਤੇ ਉਦਘਾਟਨ ਕਰਨਗੇ। ਪ੍ਰਧਾਨ ਮੰਤਰੀ ਅਰਿਆਲੂਰ ਜ਼ਿਲ੍ਹੇ ਦੇ ਗੰਗਾਈਕੋਂਡਾ ਚੋਲਾਪੁਰਮ ਮੰਦਰ ਵਿਖੇ ਚੋਲ ਸਮਰਾਟ ਰਾਜੇਂਦਰ ਚੋਲਾ ਪਹਿਲੇ ਦੇ ਆਦਿ ਤਿਰੂ-ਵਤੀਰਾਈ ਤਿਉਹਾਰ ਵਿੱਚ ਸ਼ਾਮਲ ਹੋਣਗੇ।

------------------------------------------------------------------------------

ਦੇਸ਼ ਅੱਜ ਕਾਰਗਿਲ ਵਿਜੇ ਦਿਵਸ ਮਨਾ ਰਿਹਾ ਏ। ਇਹ ਦਿਨ 1999 ਵਿੱਚ ਪਾਕਿਸਤਾਨ ਵਿਰੁੱਧ ਕਾਰਗਿਲ ਯੁੱਧ ਵਿੱਚ ਸ਼ਹੀਦ ਹੋਏ ਬਹਾਦਰ ਸੈਨਿਕਾਂ ਦੀ ਯਾਦ ਵਿੱਚ ਮਨਾਇਆ ਜਾਂਦਾ ਏ। ਇੱਕ ਰਿਪੋਰਟ −v/ c

*ਕਾਰਗਿਲ ਵਿਜੇ ਦਿਵਸ 'ਤੇ, ਪੂਰਾ ਦੇਸ਼ ਉਨ੍ਹਾਂ ਦਲੇਰ ਫੌਜੀਆਂ ਨੂੰ ਯਾਦ ਕਰ ਰਿਹਾ ਏ ਜਿਨ੍ਹਾਂ ਨੇ 1999 ਦੀ ਭਾਰਤ-ਪਾਕਿਸਤਾਨ ਜੰਗ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ ਸਨ। ਇਹ ਦਿਨ ਆਪ੍ਰੇਸ਼ਨ ਵਿਜੈ ਦੀ ਸਫਲਤਾ ਦਾ ਪ੍ਰਤੀਕ ਏ। ਇਸ ਵਿੱਚ, ਭਾਰਤੀ ਫੌਜ ਨੇ ਕਾਰਗਿਲ ਦੇ ਉਨ੍ਹਾਂ ਇਲਾਕਿਆਂ 'ਤੇ ਕਬਜ਼ਾ ਮੁੜ ਹਾਸਿਲ ਕੀਤਾ ਜਿੱਥੇ ਪਾਕਿਸਤਾਨੀ ਫੌਜੀਆਂ ਅਤੇ ਦਹਿਸ਼ਤਗਰਦਾਂ ਨੇ ਘੁਸਪੈਠ ਕੀਤੀ ਸੀ। ਕਰੀਬ 60 ਦਿਨਾਂ ਤੱਕ ਚੱਲੀ ਇਹ ਜੰਗ, ਇਸ ਦਿਨ ਖਤਮ ਹੋ ਗਈ। ਭਾਰਤੀ ਫੌਜੀਆਂ ਦੀ ਹਿੰਮਤ ਅੱਗੇ ਹਿਮਾਲੇ ਦੇ ਉੱਚੇ ਪਹਾੜ ਵੀ ਛੋਟੇ ਪਾਈ ਗਏ ਜਦੋਂ ਉਨ੍ਹਾਂ ਨੇ ਪਾਕਿਸਤਾਨ ਨੂੰ ਢੁਕਵਾਂ ਜਵਾਬ ਦਿੱਤਾ ਅਤੇ ਉੱਥੇ ਤਿਰੰਗਾ ਲਹਿਰਾਇਆ। ਇਸ ਜੰਗ ਵਿੱਚ, ਕੈਪਟਨ ਵਿਕਰਮ ਬੱਤਰਾ, ਕੈਪਟਨ ਮਨੋਜ ਕੁਮਾਰ ਪਾਂਡੇ, ਲੈਫਟੀਨੈਂਟ ਕਿਸ਼ਿੰਗ ਕਲਿਫੋਰਡ ਨੋਂਗਰੁਮ ਅਤੇ ਗ੍ਰੇਨੇਡੀਅਰ ਯੋਗੇਂਦਰ ਸਿੰਘ ਯਾਦਵ ਵਰਗੇ ਦਲੇਰ ਫੌਜੀਆਂ ਨੇ ਜੰਗ ਵਿੱਚ ਭਾਰਤ ਦੀ ਜਿੱਤ ਦਾ ਝੰਡਾ ਲਹਿਰਾਇਆ। ਇਸ ਜੰਗ ਵਿੱਚ, ਮੁਸ਼ਕਲ ਭੂਗੋਲਿਕ ਹਾਲਾਤ ਭਾਰਤੀ ਫੌਜ ਦੇ ਮਜ਼ਬੂਤ ਇਰਾਦੇ ਨੂੰ ਹਿਲਾ ਨਹੀਂ ਸਕੇ ਅਤੇ ਹਰ ਫੌਜੀ ਨੇ ਆਪਣੀ ਸ਼ਾਨਦਾਰ ਬਹਾਦਰੀ*

*ਦਿਖਾਈ। ਬਿਊਰੋ ਰਿਪੋਰਟ ਨਾਲ man ਕਾਜਲ , ਆਕਾਸ਼ਵਾਣੀ ਖਬਰਾਂ ETC ।*

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ। ਰਾਸ਼ਟਰਪਤੀ ਨੇ ਕਿਹਾ ਕਿ ਰਾਸ਼ਟਰ ਪ੍ਰਤੀ ਉਨ੍ਹਾਂ ਦਾ ਸਮਰਪਣ ਅਤੇ ਸਰ੍ਬੁਚ ਕੁਰਬਾਨੀ ਹਮੇਸ਼ਾ ਨਾਗਰਿਕਾਂ ਨੂੰ ਪ੍ਰੇਰਿਤ ਕਰੇਗੀ. ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਦਾ ਦਿਨ ਉਨ੍ਹਾਂ ਬਹਾਦਰ ਪੁੱਤਰਾਂ ਦੀ ਅਦੁੱਤੀ ਹਿੰਮਤ ਅਤੇ ਦਲੇਰੀ ਨੂੰ ਯਾਦ ਕਰਨ ਦਾ ਏ ਜਿਨ੍ਹਾਂ ਨੇ ਰਾਸ਼ਟਰੀ ਸਵੈਮਾਣ ਦੀ ਰਾਖੀ ਲਈ ਆਪਣੀਆਂ ਜਾਨਾਂ ਵਾਰ ਦਿੱਤੀਆਂ । ਪੰਜਾਬ ਵਿੱਚ ਵੀ ਕਾਰਗਿਲ ਵਿਜੇ ਦਿਵਸ ਮਨਾਇਆ ਗਿਆ  ਮੁੱਖ ਮੰਤਰੀ ਭਗਵੰਤ ਮਾਨ ਨੇ ਚੰਡੀਗੜ੍ਹ ਦੇ ਸੈਕਟਰ ਤਿੰਨ ਦੇ ਬੋਗਨਵਿਲਾ ਗਾਰਡਨ ਚ ਬਹਾਦਰ ਫੌਜੀਆਂ ਨੂੰ ਸ਼ਰਧਾਂਜਲੀ ਦਿੱਤੀ.

-----------------------------------------------------------------------------

ਪੰਜਾਬ ਮੰਤਰੀ ਮੰਡਲ ਨੇ ਇੱਕ ਇਤਿਹਾਸਕ ਫੈਸਲਾ ਲੈਂਦਿਆਂ, ਨਕਲੀ ਬੀਜਾਂ ਦੀ ਵਿਕਰੀ ਦੇ ਆਪਰਾਧ ਨੂੰ ਗੈਰ-ਜ਼ਮਾਨਤਯੋਗ ਬਣਾਉਣ ਲਈ ਸੀਡਜ਼ (ਪੰਜਾਬ ਸੋਧ) ਬਿੱਲ 2025 ਪੇਸ਼ ਕਰਨ ਨੂੰ ਸਹਿਮਤੀ ਦੇ ਦਿੱਤੀ ਏ। ਇਸ ਸਬੰਧੀ ਫੈਸਲਾ ਕੱਲ੍ਹ ਚੰਡੀਗੜ੍ਹ ਵਿਚ ਪੰਜਾਬ ਦੇ ਮੁੱਖ ਮੰਤਰੀ

ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ। ਇਸ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਮੰਤਰੀ ਮੰਡਲ ਨੇ ਪੰਜਾਬ ਦੇ ਕਿਸਾਨਾਂ ਨੂੰ ਉੱਚ ਗੁਣਵੱਤਾ ਵਾਲੇ ਬੀਜਾਂ ਦੀ ਸਪਲਾਈ ਯਕੀਨੀ ਬਣਾਉਣ ਲਈ ਸੀਡਜ਼ (ਪੰਜਾਬ ਸੋਧ) ਬਿੱਲ 2025 ਪੇਸ਼ ਕਰਨ ਨੂੰ ਸਹਿਮਤੀ ਦੇ ਦਿੱਤੀ ਏ। ਮੰਤਰੀ ਮੰਡਲ ਨੇ ਸੂਬੇ ਵਿੱਚ ਸਨਅਤੀ /ਕਾਰੋਬਾਰੀ ਨਿਵੇਸ਼ ਨੂੰ ਉਤਸ਼ਾਹਿਤ ਕਰਨ ਲਈ ਜ਼ਮੀਨ (ਵਿਕਰੀ ਜਾਂ ਲੀਜ਼ ਦੇ ਆਧਾਰ ’ਤੇ) ਮੁਹੱਈਆ ਕਰਨ ਲਈ ਇਕ ਢਾਂਚਾ ਵਿਕਸਤ ਕਰਨ ਲਈ ਵੀ ਸਹਿਮਤੀ ਦੇ ਦਿੱਤੀ ਏ। ਇਸ ਕਦਮ ਦਾ ਉਦੇਸ਼, ਸੂਬੇ ਵਿੱਚ ਨਿਵੇਸ਼ ਨੂੰ ਹੋਰ ਹੁਲਾਰਾ ਦੇਣਾ ਏ।

ਗਰੁੱਪ ‘ਡੀ’ ਦੀਆਂ ਅਸਾਮੀਆਂ ਲਈ ਬਿਨੈਕਾਰਾਂ ਨੂੰ ਵੱਡੀ ਰਾਹਤ ਦਿੰਦਿਆਂ, ਮੰਤਰੀ ਮੰਡਲ ਨੇ ਪੰਜਾਬ ਰਾਜ (ਗਰੁੱਪ ਡੀ) ਸੇਵਾ ਨੇਮਾਂ, 1963 ਦੇ ਨੇਮਾਂ 5(ਬੀ) ਅਤੇ 5(ਡੀ) ਵਿੱਚ ਸੋਧਾਂ ਨੂੰ ਪ੍ਰਵਾਨਗੀ ਦੇ ਦਿੱਤੀ ਏ, ਜਿਸ ਕਾਰਨ ਇਨ੍ਹਾਂ ਅਸਾਮੀਆਂ ਲਈ, ਉਮਰ ਹੱਦ 35 ਤੋਂ ਵਧ ਕੇ, 37 ਹੋ ਗਈ ਏ। ਮੰਤਰੀ ਮੰਡਲ ਨੇ ਹਾੜ੍ਹੀ ਖ਼ਰੀਦ ਰੁਤ 2025-26 ਲਈ, 46 ਹਜ਼ਾਰ ਐਲ.ਡੀ.ਪੀ.ਈ. ਕਾਲੇ ਪੌਲੀਥੀਨ ਕਵਰਾਂ ਦੀ ਖ਼ਰੀਦ ਲਈ, ਮੁੜ ਟੈਂਡਰ ਵਿੱਚ ਬੋਲੀਆਂ ਮੰਗਵਾਉਣ ਲਈ ਸਮਾਂ ਸੀਮਾ ਵਿੱਚ, ਛੋਟ ਦੇਣ ਦੀ ਕਾਰਜ ਬਾਅਦ ਪ੍ਰਵਾਨਗੀ ਦੇ ਦਿੱਤੀ ਏ। ਪੰਜਾਬ

ਵਿੱਚ ਅਨਾਜ ਦੀ ਢੋਆ-ਢੁਆਈ ਸੁਚਾਰੂ ਬਣਾਉਣ ਲਈ ‘ਪੰਜਾਬ ਫੂਡ ਗ੍ਰੇਨਜ਼ ਟਰਾਂਸਪੋਰਟੇਸ਼ਨ ਲਿਸੀ 2025’ ਅਤੇ ‘ਪੰਜਾਬ ਲੇਬਰ ਐਂਡ ਕਾਰਟੇਜ਼ ਪਾਲਿਸੀ 2025’ ਨੂੰ ਵੀ ਸਹਿਮਤੀ ਦਿੱਤੀ ਗਈ ਏ। ਇਸ ਤੋਂ ਇਲਾਵਾ ਮੰਤਰੀ ਮੰਡਲ ਨੇ ਵਿਆਜ ਮੁਕਤ ਕਰਜ਼ਿਆਂ ਦੇ ਨਿਪਟਾਰੇ ਲਈ, ਇੱਕਮੁਸ਼ਤ ਨਿਪਟਾਰਾ ਸਕੀਮ ਲਿਆਉਣ ਅਤੇ ਪੰਜਾਬ ਵੈਲਯੂ ਐਡਿਡ ਟੈਕਸ ਨੇਮਾਂ, 2005 ਵਿੱਚ ਸੋਧਾਂ ਕਰਨ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ।

--------------------------------------------------------------------------------

BSF ਜਵਾਨਾਂ ਨੇ ਪੰਜਾਬ ਸਰਹੱਦ 'ਤੇ ਵਖ – ਵਖ ਕਾਰਵਾਈਆਂ ਦੌਰਾਨ 4 ਅਪਰਾਧੀਆਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਪਿਸਤੌਲ, ਹੈਰੋਇਨ ਅਤੇ ਪਿਸਤੌਲ ਦੇ ਪੁਰਜ਼ੇ ਬਰਾਮਦ ਕੀਤੇ ਨੇ । ਅੱਜ ਸਵੇਰੇ ਤੜਕੇ, ਅੰਮ੍ਰਿਤਸਰ ਦੇ ਪਿੰਡ- ਬਚੀਵਿੰਡ ਨੇੜੇ ਇੱਕ ਡਰੋਨ ਦੀ ਗਤੀਵਿਧੀ ਦੇਖਣ ਤੋਂ ਬਾਅਦ, ਸੁਚੇਤ BSF ਜਵਾਨਾਂ ਨੇ ਇੱਕ ਇੱਟਾਂ ਦੇ ਭੱਠੇ ਵਿੱਚ ਲੁਕੇ ਹੋਏ 1 ਤਸਕਰ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਸਦੇ ਕਬਜ਼ੇ’ ਚੋਣ 2 ਮੈਗਜ਼ੀਨਾਂ ਅਤੇ 10 ਜ਼ਿੰਦਾ ਕਾਰਤੂਸਾਂ ਸਮੇਤ 1 ਪਿਸਤੌਲ* ਬਰਾਮਦ ਕੀਤਾ। ਫੜਿਆ ਗਿਆ

ਤਸਕਰ ਪਿੰਡ- ਗੰਡੀਵਿੰਡ ਦਾ ਰਹਿਣ ਵਾਲਾ ਏ, ਅਤੇ ਬਰਾਮਦ ਕੀਤੇ ਗਏ ਸਮਾਨ ਡਰੋਨ ਰਾਹੀਂ ਸੁੱਟੇ ਗਏ ਜਾਪਦੇ ਨੇ. ਇੱਕ ਹੋਰ ਕਾਰਵਾਈ ‘ਚ ਇੱਕ ਭਰੋਸੇਯੋਗ ਜਾਣਕਾਰੀ 'ਤੇ ਕਾਰਵਾਈ ਕਰਦਿਆਂ, BSF ਜਵਾਨਾਂ ਨੇ ਫਿਰੋਜ਼ਪੁਰ ਜ਼ਿਲ੍ਹੇ ਦੇ ਪਿੰਡ- ਨੌਭੇਰਾਮ ਦੇ ਨਾਲ ਲੱਗਦੇ ਇੱਕ ਖੇਤ ਤੋਂ 3 ਨਸ਼ਾ ਤਸਕਰਾਂ ਨੂੰ ਕਾਬੂ ਕੀਤਾ। ਇਸ ਤੋਂ ਇਲਾਵਾ, ਉਨ੍ਹਾਂ ਦੇ ਖੁਲਾਸੇ 'ਤੇ, ਨੇੜਲੇ ਖੇਤ ਤੋਂ 500 ਗ੍ਰਾਮ ਦਾ ਸ਼ੱਕੀ ਹੈਰੋਇਨ ਦਾ 1 ਪੈਕੇਟ ਬਰਾਮਦ ਕੀਤਾ ਗਿਆ। ਅੱਜ ਸਵੇਰੇ, ਡਿਊਟੀ 'ਤੇ ਤਾਇਨਾਤ ਚੌਕਸ ਬੀਐਸਐਫ ਜਵਾਨਾਂ ਨੇ ਪਿੰਡ ਡੱਲ ਦੇ ਨਾਲ ਲੱਗਦੀ ਸਰਹੱਦੀ ਵਾੜ ਦੇ ਅੱਗੇ ਵਾਲੇ ਇਲਾਕੇ ਵਿਚ ਪਿਸਤੌਲ ਦੇ ਪੁਰਜ਼ੇ ਅਤੇ 1 ਮੈਗਜ਼ੀਨ ਵਾਲਾ ਇੱਕ ਪਲਾਸਟਿਕ ਪੈਕੇਟ* ਬਰਾਮਦ ਕੀਤਾ। ਪੰਜਾਬ ਪੁਲਿਸ ਤੇ ਬੀਐਸਐਫ ਜਵਾਨਾਂ ਵਲੋਂ ਇਹ ਸਾਂਝੀਆਂ ਕਾਰਵਾਈਆਂ, ਰਾਸ਼ਟਰ ਵਿਰੋਧੀ ਤੱਤਾਂ ਦੇ ਕਿਸੇ ਤਰ੍ਹਾਂ ਦੇ ਨਾਪਾਕ ਇਰਾਦਿਆਂ ਨੂੰ ਨਸ਼ਟ ਕਰਨ ਵਿੱਚ ਸੁਰੱਖਿਆ ਬਲਾਂ ਦੀ ਦ੍ਰਿੜ ਵਚਨਬੱਧਤਾ ਨੂੰ ਉਜਾਗਰ ਕਰਦੀਆਂ ਨੇ.

---

ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਵੱਲੋਂ ਸਰਹੱਦ ਪਾਰੋਂ ਨਾਰਕੋ-ਤਸਕਰੀ ਵਿਰੁੱਧ ਇੱਕ ਵੱਡੀ ਕਾਰਵਾਈ ਕਰਦਿਆਂ ਹੈਰੋਇਨ ਤਸਕਰੀ ਕਰਨ ਵਾਲੇ ਕਾਰਟੈਲ ਦਾ ਪਰਦਾਫਾਸ਼ ਕੀਤਾ ਏ ਜਿਨ੍ਹਾਂ ਦਾ ਸਿੱਧਾ ਸਬੰਧ ਪਾਕਿਸਤਾਨ-ਅਧਾਰਤ ਤਸਕਰਾਂ ਨਾਲ ਸੀ। ਮੁੱਖ ਦੋਸ਼ੀ ਸਰਬਜੀਤ ਉਰਫ ਜੋਬਨ, ਜੋ ਕਿ ਸਰਹੱਦੀ ਇਲਾਕੇ ਦੇ ਇੱਕ ਪਿੰਡ ਤੋਂ ਗਿਰੋਹ ਚਲਾ ਰਿਹਾ ਸੀ, ਦਾ ਪਾਕਿਸਤਾਨ ਅਧਾਰਤ ਤਸਕਰ ਰਾਣਾ ਨਾਲ ਸਿੱਧਾ ਸੰਬੰਧ ਸੀ। ਉਸਨੂੰ ਇੱਕ ਨਾਬਾਲਿਗ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਏ ਤੇ ਇਹਨਾਂ ਕੋਲੋਂ 1 ਕਿਲੋ ਹੈਰੋਇਨ ਬਰਾਮਦ ਹੋਈ ਏ। ਪੁੱਛਗਿੱਛ ਦੌਰਾਨ ਮਿਲੀ ਜਾਣਕਾਰੀ ਦੇ ਆਧਾਰ 'ਤੇ ਅਜਨਾਲਾ ਤੋਂ ਹੋਰ ਦੋ ਤਸਕਰ ਧਰਮ ਸਿੰਘ ਅਤੇ ਕੁਲਬੀਰ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਕੋਲੋਂ 5 ਕਿਲੋ ਤੋਂ ਵੱਧ ਹੈਰੋਇਨ ਬਰਾਮਦ ਹੋਈ । ਐਨ.ਡੀ.ਪੀ.ਐਸ. ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਥਾਣਾ ਹਵਾਈ ਅੱਡਾ ਅਤੇ ਥਾਣਾ ਛੇਹਰਟਾ ਵਿਖੇ FIR. ਦਰਜ ਕੀਤੀਆਂ ਗਈਆਂ ਨੇ.

---

ਸੂਬੇ ਦੀ ਸਨਅਤੀ ਨੀਤੀ ਨੂੰ ਮਜ਼ਬੂਤ ਕਰਨ ਅਤੇ ਕਾਰੋਬਾਰ ਕਰਨ ਵਿੱਚ ਸੌਖ ਨੂੰ ਬਿਹਤਰ ਬਣਾਉਣ ਲਈ ਸਨਅਤ ਮਾਹਿਰਾਂ ਤੋਂ ਸੁਝਾਅ ਇਕੱਠੇ ਕਰਨ ਦੀ ਪੰਜਾਬ ਸਰਕਾਰ ਦੀ ਪਹਿਲਕਦਮੀ ਨੂੰ ਜਾਰੀ ਰੱਖਦੇ

ਹੋਏ ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਅੱਜ ਛੇ ਹੋਰ ਸੈਕਟਰਲ ਕਮੇਟੀਆਂ ਦੇ ਗਠਨ ਦਾ ਐਲਾਨ ਕੀਤਾ। ਉਨ੍ਹਾਂ ਇਹ ਐਲਾਨ ਅੱਜ  ਲੁਧਿਆਣਾ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬੱਚਤ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਵਿੱਚ ਕੀਤਾ। ਇਨ੍ਹਾਂ ਕਮੇਟੀਆਂ ਵਿੱਚ ਵਖ – ਵਖ ਸਨਅਤੀ ਖੇਤਰਾਂ ਦੇ ਮੈਂਬਰ ਸ਼ਾਮਲ ਨੇ ਅਤੇ ਇਹ ਸੈਕਟਰ-ਵਿਸ਼ੇਸ਼ ਨੀਤੀਗਤ ਉਪਾਵਾਂ ਦੀ ਸਿਫ਼ਾਰਸ਼ ਕਰਨ ਲਈ ਥਿੰਕ ਟੈਂਕ ਵਜੋਂ ਕੰਮ ਕਰਨਗੇ। ਨਵੀਆਂ ਕਮੇਟੀਆਂ ਖੇਡਾਂ/ਚਮੜੇ ਦੇ ਸਾਮਾਨ, ਮਸ਼ੀਨ/ਹੱਥ ਟੂਲ, ਫੂਡ ਪ੍ਰੋਸੈਸਿੰਗ ਅਤੇ ਡੇਅਰੀ, ਸੈਰ-ਸਪਾਟਾ ਅਤੇ ਹੋਸਪਿਟੈਲਿਟੀ, ਭਾਰੀ ਮਸ਼ੀਨਰੀ ਅਤੇ ਫਰਨੀਚਰ ਅਤੇ ਪਲਾਈ ਇੰਡਸਟਰੀ 'ਤੇ ਕੇਂਦ੍ਰਿਤ ਨੇ. ਸੰਜੀਵ ਅਰੋੜਾ ਨੇ ਕਿਹਾ ਕਿ ਹਰੇਕ ਕਮੇਟੀ ਦਾ ਮੁੱਖ ਕੰਮ ਹੋਵੇਗਾ ਪੰਜਾਬ ਦੇ ਵਿਲੱਖਣ ਸਨਅਤੀ ਈਕੋ ਸਿਸਟਮ ਦੇ ਨਾਲ-ਨਾਲ ਢਾਂਚਾਗਤ ਅਤੇ ਮਾਲੀ ਸੰਦਰਭ ਨੂੰ ਧਿਆਨ ਵਿੱਚ ਰੱਖਦੇ ਹੋਏ ਉਹਨਾਂ ਦੇ ਖਾਸ ਖੇਤਰ ਲਈ ਇੱਕ ਸੁਖਾਵੇਂ ਸਨਅਤੀ ਢਾਂਚੇ ਤੇ ਨੀਤੀ ਲਈ ਸਰਕਾਰ ਨੂੰ ਇੱਕ ਢਾਂਚਾਗਤ ਇਨਪੁਟ ਪ੍ਰਦਾਨ ਕਰਨਾ ਏ।

---

ਪੰਜਾਬ ਦੇ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚ ਸੈਰ-ਸਪਾਟਾ ਸਨਅਤ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੇ ਹਿੱਸੇ ਵਜੋਂ, ਇੱਕ ਵੱਡਾ ਬੁਨਿਆਦੀ ਢਾਂਚਾ ਅਤੇ ਸੈਰ-ਸਪਾਟਾ

ਵਿਕਾਸ ਪ੍ਰੋਜੈਕਟ ਮਨਜ਼ੂਰ ਕੀਤਾ ਗਿਆ ਏ ਅਤੇ ਇਹ ਅਟਾਰੀ ਸਰਹੱਦ 'ਤੇ ਸ਼ੁਰੂ ਹੋਣ ਜਾ ਰਿਹਾ ਏ. ਇਸਦਾ ਉਦੇਸ਼ ਭਾਰਤ ਦੇ ਸਭ ਤੋਂ ਪ੍ਰਤੀਕ ਰਸਮੀ ਸਥਾਨਾਂ ਵਿੱਚੋਂ ਇੱਕ 'ਤੇ ਸੈਲਾਨੀਆਂ ਦੇ ਅਨੁਭਵ ਨੂੰ ਬਿਹਤਰ ਬਣਾਉਣਾ ਏ। ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਇਹ ਐਲਾਨ ਸਾਂਝਾ ਕੀਤਾ ਅਤੇ ਦੱਸਿਆ ਕਿ ਸੈਰ-ਸਪਾਟਾ  ਮੰਤਰਾਲੇ ਦੀ ਸਵਦੇਸ਼ ਦਰਸ਼ਨ 2.0 ਯੋਜਨਾ ਤਹਿਤ ਮਨਜ਼ੂਰ ਕੀਤਾ ਗਿਆ ਇਹ ਪ੍ਰੋਜੈਕਟ ਪੰਜਾਬ ਵਿਰਸੇ ਅਤੇ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਬਾਰੇ ਬੋਰਡ (PHTPB) ਵਲੋਂ ਸਰਹੱਦੀ ਸੁਰੱਖਿਆ ਬਲ (BSF) ਅਤੇ ਭਾਰਤ ਦੀ ਰਾਸ਼ਟਰੀ ਸ਼ਾਹਰਾਹ ਅਥਾਰਟੀ (NHAI) ਦੇ ਸਰਗਰਮ ਤਾਲਮੇਲ ਨਾਲ ਵਿਕਸਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਿਰਮਾਣ ਪ੍ਰਵੇਸ਼ ਦੁਆਰ ਤੋਂ ਸ਼ੁਰੂ ਹੋਵੇਗਾ ਅਤੇ ਸਰਹੱਦੀ ਲਾਈਨ ਤੱਕ ਵਧੇਗਾ, ਜਿਸਦਾ ਕੁੱਲ ਬਜਟ 24.65 ਕਰੋੜ ਰੁਪਏ ਏ। ਇਹ ਪ੍ਰੋਜੈਕਟ 9 ਮਹੀਨਿਆਂ ਦੇ ਅੰਦਰ ਪੂਰਾ ਹੋਣ ਦੀ ਉਮੀਦ ਏ. ਉਨ੍ਹਾਂ ਨੇ ਦੱਸਿਆ ਕਿ ਇਸ ਪ੍ਰੋਜੈਕਟ ‘ਚ ਗ੍ਰੈਂਡ ਐਂਟਰੈਂਸ ਗੇਟ, ਵਾਹਨ ਚੈੱਕ ਪੋਸਟ, ਟੂਰਿਸਟ ਇਨਫਰਮੇਸ਼ਨ ਸੈਂਟਰ, ਸਹੂਲਤਾਂ ਵਾਲਾ ਛਾਂਦਾਰ ਰਸਤਾ, ਏਆਰ/ਵੀਆਰ ਤਕਨਾਲੋਜੀ ਵਾਲੀ ਇਮਰਸਿਵ ਗੈਲਰੀ, ਸੁਰੱਖਿਆ ਜਾਂਚ ਬੁਨਿਆਦੀ ਢਾਂਚਾ ਅਤੇ ਐਡਵੈਂਚਰ ਜ਼ੋਨ ਸ਼ਾਮਲ ਨੇ.  ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਪ੍ਰੋਜੈਕਟ ਅਟਾਰੀ ਸਰਹੱਦ 'ਤੇ ਵਿਸ਼ਵ ਪੱਧਰੀ ਸਹੂਲਤਾਂ ਪ੍ਰਦਾਨ ਕਰਨ

ਲਈ ਖਾਸ ਤੌਰ 'ਤੇ ਝੰਡਾ ਵਾਪਸੀ ਸਮਾਰੋਹ ਲਈ, ਤਿਆਰ ਕੀਤਾ ਗਿਆ ਏ, ਜੋ ਕਿ ਪੰਜਾਬ ਦੇ ਸਭ ਤੋਂ ਪ੍ਰਮੁੱਖ ਸੈਲਾਨੀ ਆਕਰਸ਼ਣਾਂ ਵਿੱਚੋਂ ਇੱਕ ਏ ।

---------------------------------------------------------------------------

ਚੌਥੀ ਰੋਗੀ ਕਲਿਆਣ ਸਮਿਤੀ (RKS) ਗਵਰਨਿੰਗ ਬਾਡੀ ਦੀ ਮੀਟਿੰਗ ਚੰਡੀਗੜ੍ਹ ਤੋਂ ਮੈਂਬਰ ਪਾਰਲੀਮੈਂਟ ਸ਼੍ਰੀ ਮਨੀਸ਼ ਤਿਵਾੜੀ ਦੀ ਪ੍ਰਧਾਨਗੀ ਹੇਠ ਚੰਡੀਗੜ੍ਹ ਵਿਖੇ ਹੋਈ, ਜਿਸ ਵਿੱਚ ਕਈ ਮਹੱਤਵਪੂਰਨ ਮੁੱਦਿਆਂ 'ਤੇ ਚਰਚਾ ਕੀਤੀ ਗਈ ਅਤੇ ਉਨ੍ਹਾਂ ਨੂੰ ਪ੍ਰਵਾਨਗੀ ਦਿੱਤੀ ਗਈ। ਮੀਟਿੰਗ ਦੌਰਾਨ, ਕਮੇਟੀ ਮੈਂਬਰਾਂ ਵਲੋਂ ਇਹ ਫੈਸਲਾ ਕੀਤਾ ਗਿਆ ਕਿ ਸੀਨੀਅਰ ਨਾਗਰਿਕਾਂ ਅਤੇ ਬਿਸਤਰੇ 'ਤੇ ਪਏ ਮਰੀਜ਼ਾਂ ਲਈ ਇੱਕ ਸਮਰਪਿਤ ਐਂਬੂਲੈਂਸ ਸੇਵਾ ਸ਼ੁਰੂ ਕੀਤੀ ਜਾਵੇਗੀ। ਇਸ ਤੋਂ ਇਲਾਵਾ, ਓਪੀਡੀ, ਗਾਇਨੀ, ਐਮਰਜੈਂਸੀ ਵਾਰਡ ਲਈ ਮਰੀਜ਼ਾਂ ਦੇ ਸਹਾਇਕਾਂ ਲਈ ਸਮਰਪਿਤ ਹੈਲਪ ਡੈਸਕ ਸ਼ੁਰੂ ਕੀਤਾ ਜਾਵੇਗਾ।

---------------------------------------------------------------------------

ਪਟਿਆਲਾ ਜ਼ਿਲ੍ਹੇ ਵਿੱਚ ਬਾਲ ਭਿੱਖਿਆ ਦੇ ਖਾਤਮੇ ਲਈ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਅੱਜ ਖ਼ੁਦ ਸੜਕਾਂ 'ਤੇ ਉਤਰੇ ਅਤੇ ਵੱਖ-ਵੱਖ ਚੌਂਕਾਂ ਸਮੇਤ ਗੁਰਦੁਆਰਾ ਸ੍ਰੀ ਦੁੱਖ ਨਿਵਾਰਨ ਸਾਹਿਬ ਤੇ ਮਾਤਾ ਸ੍ਰੀ ਕਾਲੀ ਦੇਵੀ ਮੰਦਿਰ ਦੇ ਬਾਹਰ ਜਾਇਜ਼ਾ ਲਿਆ।

ਉਨ੍ਹਾਂ ਦੇ ਮੁੜ ਵਸੇਬੇ ਲਈ ਸਬੰਧਤ ਵਿਭਾਗ ਨੂੰ ਤੁਰੰਤ ਕਦਮ ਉਠਾਉਣ ਦੇ ਨਿਰਦੇਸ਼ ਦਿੱਤੇ । ਡਿਪਟੀ ਕਮਿਸ਼ਨਰ ਨੇ ਚੌਂਕਾਂ ਵਿਖੇ ਤਾਇਨਾਤ ਪੀ.ਸੀ.ਆਰ. ਅਤੇ ਟ੍ਰੈਫਿਕ ਪੁਲਿਸ ਟੀਮਾਂ ਨੂੰ ਵੀ ਹਦਾਇਤ ਕੀਤੀ ਕਿ ਜਦੋਂ ਵੀ ਕੋਈ ਬੱਚਾ ਭੀਖ ਮੰਗਦਾ ਨਜ਼ਰ ਆਉਂਦਾ ਏ ਤਾਂ ਸੂਚਨਾ ਦਿੱਤੀ ਜਾਵੇ।

-----------------------------------------------------------

ਸ਼ਤਰੰਜ ਵਿੱਚ, ਅੱਜ ਔਰਤਾਂ ਦੇ FIDE ਵਿਸ਼ਵ ਕੱਪ 2025 ਦਾ ਫਾਈਨਲ ਮੁਕਾਬਲਾ ਜਾਰਜੀਆ ਦੇ ਬਾਟੂਮੀ ਵਿਖੇ ਕੋਨੇਰੂ ਹੰਪੀ ਅਤੇ ਉਸਦੀ ਹਮਵਤਨ ਦਿਵਿਆ ਦੇਸ਼ਮੁਖ ਦਰਮਿਆਨ ਸ਼ੁਰੂ ਹੋਇਆ.

-----------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਤਾਮਿਲਨਾਡੂ ‘ਚ Tuticorin ਹਵਾਈ ਅੱਡੇ ਦੀ ਨਵੀਂ ਟਰਮੀਨਲ ਇਮਾਰਤ ਦਾ ਉਦਘਾਟਨ ਕਰਨਗੇ।
- ਦੇਸ਼ ਅੱਜ ਕਾਰਗਿਲ ਵਿਜੇ ਦਿਵਸ ਮਨਾ ਰਿਹਾ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਏ ।
- ਪੰਜਾਬ ਮੰਤਰੀ ਮੰਡਲ ਨੇ ਇੱਕ ਇਤਿਹਾਸਕ ਫੈਸਲਾ ਲੈਂਦਿਆਂ, ਨਕਲੀ ਬੀਜਾਂ ਦੀ ਵਿਕਰੀ ਦੇ ਆਪਰਾਧ ਨੂੰ ਗੈਰ-

- ਜ਼ਮਾਨਤਯੋਗ ਬਣਾਉਣ ਲਈ ਸੀਡਜ਼ (ਪੰਜਾਬ ਸੋਧ) ਬਿੱਲ 2025 ਪੇਸ਼ ਕਰਨ ਨੂੰ ਸਹਿਮਤੀ ਦੇ ਦਿੱਤੀ ਏ।
- ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਵੱਲੋਂ ਸਰਹੱਦ ਪਾਰੋਂ ਨਾਰਕੋ-ਤਸਕਰੀ ਵਿਰੁੱਧ ਇੱਕ ਵੱਡੀ ਕਾਰਵਾਈ ਕਰਦਿਆਂ ਹੈਰੋਇਨ ਤਸਕਰੀ ਕਰਨ ਵਾਲੇ ਕਾਰਟੈਲ ਦਾ ਪਰਦਾਫਾਸ਼ ਕੀਤਾ ਏ.
- ਸ਼ਤਰੰਜ ਵਿੱਚ, ਅੱਜ ਔਰਤਾਂ ਦੇ FIDE ਵਿਸ਼ਵ ਕੱਪ 2025 ਦਾ ਫਾਈਨਲ ਮੁਕਾਬਲਾ ਜਾਰਜੀਆ ਦੇ ਬਾਟੂਮੀ ਵਿਖੇ ਕੋਨੇਰੂ ਹੰਪੀ ਅਤੇ ਉਸਦੀ ਹਮਵਤਨ ਦਿਵਿਆ ਦੇਸ਼ਮੁਖ ਦਰਮਿਆਨ ਸ਼ੁਰੂ ਹੋਇਆ.

ਆਕਾਸ਼ਵਾਣੀ ਤੋਂ ਖਬਰਾਂ ਖਤਮ ਹੋਈਆਂ

ਖਬਰਾਂ ਦਾ ਅਗਲਾ ਰਾਸ਼ਟਰੀ ਬੁਲੇਟਿਨ ਤੁਸੀਂ ਸੁਣੋਗੇ ਸਾਢੇ 7 ਵਜੇ .

ਨਮਸ੍ਕਾਰ